# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 20-03-2026**

ਕੇਂਦਰੀ ਸਾਇੰਸ ਅਤੇ ਤਕਨਾਲੋਜੀ ਮੰਤਰੀ ਡਾ. ਜਤਿੰਦਰ ਸਿੰਘ ਨੇ ਬੀਤੇ ਕੱਲ੍ਹ ਮੁਹਾਲੀ ਵਿਖੇ ਸਥਿਤ BRIC NABI ਸੰਸਥਾਨ ਭਾਵ BRIC ਕੌਮੀ ਐਗਰੀ ਫੂਡ ਅਤੇ ਬਾਇਓ ਮੈਨੁਫ਼ੈਕਚਰਿੰਗ ਇੰਸਟੀਚਿਊਟ ਵਿਖੇ ਭਵਿੱਖ ਦੀ ਖ਼ੁਰਾਕ ਸਮੱਸਿਆ ਨੂੰ ਹੱਲ ਕਰਨ ਦੇ ਮਕਸਦ ਨਾਲ ਸਥਾਪਿਤ ਨਾਬੀ ਦੇ ਇਕ ਨਵੇਂ ਬਲੌਕ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਆਪਣੇ ਸੰਬੋਧਨ ਵਿਚ ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਬੀਤੇ 12 ਵਰ੍ਹਿਆਂ ਵਿਚ ਖ਼ੁਰਾਕ ਸੁਰੱਖਿਆ ਲਈ ਅਨੇਕਾਂ ਉਪਰਾਲੇ ਕੀਤੇ ਨੇ ਅਤੇ ਇਸ ਦਾ ਫਲ ਵੀ ਮਿਲਣ ਲੱਗਾ ਏ।

Byte

-----------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਲੁਧਿਆਣਾ ਵਿੱਚ ਟਾਟਾ ਸਟੀਲ ਪਲਾਂਟ ਦਾ ਉਦਘਾਟਨ ਕੀਤਾ ਏ। ਇਹ ਪਲਾਂਟ ਦੇਸ਼ ਦਾ ਦੂਜਾ ਸਭ ਤੋਂ ਵੱਡਾ ਟਾਟਾ ਸਟੀਲ ਪਲਾਂਟ ਏ। ਟਾਟਾ ਸਟੀਲ ਨੇ ਇਸ 115

ਏਕੜ ਦੇ ਪਲਾਂਟ ਵਿੱਚ 3 ਹਜ਼ਾਰ 200 ਕਰੋੜ ਦਾ ਨਿਵੇਸ਼ ਕੀਤਾ ਏ। ਇਹ ਪਲਾਂਟ ਖੁੱਲ੍ਹਣ ਨਾਲ ਸੂਬੇ ਦੇ 2,500 ਨੌਜਵਾਨਾਂ ਨੂੰ ਰੁਜ਼ਗਾਰ ਮਿਲਣ ਦੀ ਉਮੀਦ ਏ।

---------------------------------------------------------------------------

ਪੰਜਾਬ ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਹਿਯੋਗ ਨਾਲ ਤਿੰਨ ਦਿਨਾ ਵਿਰਾਸਤੀ ਮੇਲਾ ਅੱਜ ਤੋਂ ਕਪੂਰਥਲਾ ਦੇ ਗੁਰੂ ਨਾਨਕ ਸਟੇਡੀਅਮ ਵਿਖੇ ਅਤੇ ਬਠਿੰਡਾ ਦੇ ਸ਼ਹੀਦ ਭਗਤ ਸਿੰਘ ਖੇਡ ਸਟੇਡੀਅਮ ਵਿਖੇ ਸ਼ੁਰੂ ਹੋ ਗਿਆ ਏ। ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਮੇਲੇ ਦੌਰਾਨ ਹਰ ਰੋਜ਼ ਸਵੇਰੇ 11 ਵਜੇ ਤੋਂ ਵੱਖ-ਵੱਖ ਸਭਿਆਚਾਰਕ ਗਤੀਵਿਧੀਆਂ ਹੋਣਗੀਆਂ, ਜਦਕਿ ਸ਼ਾਮ ਨੂੰ ਮਸ਼ਹੂਰ ਕਲਾਕਾਰਾਂ ਵੱਲੋਂ ਸਟਾਰ ਨਾਈਟ ਪ੍ਰੋਗਰਾਮ ਪੇਸ਼ ਕੀਤੇ ਜਾਣਗੇ। ਇਸ ਮੌਕੇ ਅੱਜ ਪੰਜਾਬੀ ਦੇ ਪ੍ਰਸਿੱਧ ਗਾਇਕ ਆਪਣੀ ਗਾਇਕੀ ਨਾਲ ਦਰਸ਼ਕਾਂ ਦਾ ਮਨੋਰੰਜਨ ਵੀ ਕਰਨਗੇ। ਬਠਿੰਡਾ ਦੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਇਹ ਮੇਲਾ ਸਾਡੀ ਸੱਭਿਆਚਾਰਕ ਵਿਰਾਸਤ ਨੂੰ ਸੰਭਾਲਣ ਅਤੇ ਨਵੀਂ ਪੀੜ੍ਹੀ ਨੂੰ ਆਪਣੀਆਂ ਰਿਵਾਇਤਾਂ ਨਾਲ ਜੋੜਨ ਦਾ ਇਕ ਮਹੱਤਵਪੂਰਨ ਮੌਕਾ ਹੋਵੇਗਾ। ਮੇਲੇ ਦੌਰਾਨ ਲੋਕ ਨਾਚ, ਗਿੱਧਾ-ਭੰਗੜਾ, ਲੋਕ ਗਾਇਕੀ, ਹਸਤਕਲਾ ਪ੍ਰਦਰਸ਼ਨੀ ਅਤੇ ਰਵਾਇਤੀ ਖਾਣਿਆਂ ਦੇ ਸਟਾਲ ਵਿਸ਼ੇਸ਼ ਆਕਰਸ਼ਣ ਹੋਣਗੇ। ਇਸ ਦੇ ਨਾਲ ਹੀ

ਬੱਚਿਆਂ ਅਤੇ ਨੌਜਵਾਨਾਂ ਲਈ ਵੱਖ-ਵੱਖ ਖੇਡ ਮੁਕਾਬਲੇ ਵੀ ਕਰਵਾਏ ਜਾਣਗੇ, ਤਾਂ ਜੋ ਉਹ ਆਪਣੀ ਕਲਾ ਅਤੇ ਹੁਨਰ ਨੂੰ ਪ੍ਰਗਟ ਕਰ ਸਕਣ।

---------------------------------------------------------------------------

ਮਹਿਲਾ ਉੱਦਮੀਆਂ ਨੂੰ ਸਨਮਾਨਿਤ ਕਰਨ ਲਈ ਮੁਹਾਲੀ ਵਿਖੇ ਕਰਵਾਏ ਗਏ ਸਨਮਾਨ ਸਮਾਗਮ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਾਸੋਂ ਸਨਮਾਨ ਹਾਸਲ ਕਰਨ ਵਾਲੀਆਂ ਮਹਿਲਾ ਉੱਦਮੀਆਂ ਵਿੱਚ 3 ਜ਼ਿਲ੍ਹਾ ਜਲੰਧਰ ਨਾਲ ਸਬੰਧਤ ਮਹਿਲਾ ਉੱਦਮੀ ਵੀ ਸ਼ਾਮਲ ਨੇ । ਮੁਹਾਲੀ ਦੇ ਪੇਂਡੂ ਵਿਕਾਸ ਬਾਰੇ ਵਧੀਕ ਡਿਪਟੀ ਕਮਿਸ਼ਨਰ ਦਿਵਿਆ ਪੀ. ਨੇ ਦੱਸਿਆ ਕਿ ਰਾਜ ਪੱਧਰੀ ਸਮਾਗਮ ਦੌਰਾਨ ਪੂਜਾ ਨੂੰ ਡਿਜ਼ੀਟਲ ਦੀਦੀ ਸ਼੍ਰੇਣੀ ਲਈ, ਅੰਜਲੀ  ਨੂੰ ਸੇਵਾ ਟੂ ਸੈਲਫ਼ ਰਿਲਾਇੰਸ ਅਤੇ ਮੋਨਿਕਾ ਨੂੰ ਸੇਵਾ ਟੂ ਸੈਲਫ਼ ਰਿਲਾਇੰਸ ਕੈਟਾਗਰੀ ਵਿੱਚ ਵਧੀਆ ਅਤੇ ਸ਼ਲਾਘਾਯੋਗ ਕਾਰਗੁਜ਼ਾਰੀ ਲਈ ਸਨਮਾਨ ਪ੍ਰਾਪਤ ਹੋਇਆ ਏ । ਇਨ੍ਹਾਂ ਮਹਿਲਾ ਉੱਦਮੀਆਂ ਨੂੰ ਸਰਕਾਰ ਵੱਲੋਂ ਸਨਮਾਨ ਪੱਤਰ, ਟਰਾਫੀ ਅਤੇ 25-25 ਹਜ਼ਾਰ ਰੁਪਏ ਦਾ ਚੈੱਕ ਸਨਮਾਨ ਵਜੋਂ ਦਿੱਤੇ ਗਏ। ਉਨ੍ਹਾਂ ਦੱਸਿਆ ਕਿ ਇਸ ਤੋਂ ਪਹਿਲਾਂ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਹਲਕਾ ਪੱਧਰ ਅਤੇ ਜ਼ਿਲ੍ਹਾ ਪੱਧਰ ’ਤੇ ਵੀ ਅੰਤਰਰਾਸ਼ਟਰੀ ਮਹਿਲਾ ਦਿਵਸ ਸਬੰਧੀ ਸਮਾਗਮ ਕਰਵਾਏ ਗਏ ਹਨ, ਜਿਸ ਦੌਰਾਨ ਵੱਖ-ਵੱਖ ਕੈਟਾਗਰੀਜ਼ ਵਿੱਚ ਵਧੀਆ ਕਾਰਗੁਜ਼ਾਰੀ ਕਰਨ ਵਾਲੀਆ 100-100 ਮਹਿਲਾ ਉੱਦਮੀਆਂ

ਨੂੰ ਸਨਮਾਨਿਤ ਕੀਤਾ ਗਿਆ। ਵਧੀਕ ਡਿਪਟੀ ਕਮਿਸ਼ਨਰ ਨੇ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮਿਸ਼ਨ ਤਹਿਤ ਪੇਂਡੂ ਖੇਤਰਾਂ ਦੀਆਂ ਗਰੀਬ ਔਰਤਾਂ ਨੂੰ ਸਵੈ ਸਹਾਇਤਾ ਸਮੂਹਾਂ ਨਾਲ ਜੋੜ ਕੇ ਉਨ੍ਹਾਂ ਦੇ ਜੀਵਨ ਪੱਧਰ, ਆਰਥਿਕ ਅਤੇ ਸਮਾਜਿਕ ਪੱਧਰ ਨੂੰ ਉੱਚਾ ਚੁੱਕਣ ਲਈ ਉਪਰਾਲੇ ਕੀਤੇ ਜਾ ਰਹੇ ਹਨ।

-------------------------------------------------------------------------

ਮਹਿਲਾਵਾਂ ਨੂੰ ਸਰਵਾਈਕਲ ਕੈਂਸਰ ਤੋਂ ਬਚਾਉਣ ਲਈ ਐਚ.ਪੀ.ਵੀ. ਟੀਕਾਕਰਣ ਕੈਂਪੇਨ ਨੂੰ ਪ੍ਰਭਾਵੀ ਤਰੀਕੇ ਨਾਲ ਲਾਗੂ ਕਰਨ ਲਈ ਪਠਾਨਕੋਟ ਦੇ ਵਧੀਕ ਡਿਪਟੀ ਕਮਿਸ਼ਨਰ (ਜਨਰਲ), ਸੰਜੀਵ ਸ਼ਰਮਾ ਦੀ ਅਗਵਾਈ ਹੇਠ ਜਿਲ੍ਹਾ ਟਾਸਕ ਫੋਰਸ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਪਠਾਨਕੋਟ ਦੇ ਡਿਪਟੀ ਕਮਿਸ਼ਨਰ ਡਾ. ਪੱਲਵੀ ਨੇ ਸਿਹਤ ਵਿਭਾਗ, ਸਿੱਖਿਆ ਵਿਭਾਗ, ਜਿਲ੍ਹਾ ਬਾਲ ਤੇ ਵਿਕਾਸ ਪ੍ਰੋਜੈਕਟ ਵਿਭਾਗ ਅਤੇ ਹੋਰ ਸਬੰਧਤ ਵਿਭਾਗਾਂ ਨੂੰ ਤਾਲਮੇਲ ਕਰਕੇ ਐਚ.ਪੀ.ਵੀ. ਵੈਕਸੀਨੇਸ਼ਨ ਕੈਂਪੇਨ ਨੂੰ ਪ੍ਰਭਾਵੀ ਤਰੀਕੇ ਨਾਲ ਚਲਾਉਣ ਲਈ ਹਦਾਇਤ ਕੀਤੀ।  ਉਹਨਾਂ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਦੱਸਿਆ ਕਿ ਇਸ ਵੈਕਸੀਨੇਸ਼ਨ ਮੁਹਿੰਮ ਦਾ ਮੁੱਖ ਉਦੇਸ਼ ਮਹਿਲਾਵਾਂ ਨੂੰ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਤੋਂ ਬਚਾਉਣਾ ਏ।  ਇਹ ਵੈਕਸੀਨ 14 ਤੋਂ 15 ਸਾਲ ਦੀ

ਲੜਕੀਆਂ ਨੂੰ ਲਾਈ ਜਾਵੇਗੀ। ਉਹਨਾਂ ਸਮੂਹ ਵਿਭਾਗਾਂ ਨੂੰ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਸਿਹਤ ਵਿਭਾਗ ਦਾ ਸਹਿਯੋਗ ਕਰਨ ਲਈ ਕਿਹਾ ਤਾਂ ਜੋ ਉਕਤ ਉਮਰ ਦੀਆਂ 100 ਫੀਸਦੀ ਲੜਕੀਆਂ ਨੂੰ ਇਹ ਵੈਕਸੀਨ ਲੱਗ ਸਕੇ। ਜਿਲ੍ਹਾ ਟੀਕਾਕਰਨ ਅਫਸਰ ਨੇ ਦੱਸਿਆ ਕਿ ਇਸ ਮੁਹਿੰਮ ਦੀ ਸ਼ੁਰੂਆਤ 28 ਫਰਵਰੀ ਤੋਂ ਹੋ ਗਈ ਏ। ਇਹ ਮੁਹਿੰਮ 90 ਦਿਨ ਚੱਲੇਗੀ ਅਤੇ ਇਸ ਦੌਰਾਨ ਹਰ ਰੋਜ ਟੀਕਾਕਰਨ ਕੀਤਾ ਜਾਵੇਗਾ। ਇਹ ਵੈਕਸੀਨ ਸਰਕਾਰੀ ਸਿਹਤ ਸੰਸਥਾਵਾਂ ਤੇ ਮੁਫਤ ਲਾਈ ਜਾ ਰਹੀ ਏ।

-----------------------------------------------------------------------------------

ਈਦ ਦੀ ਨਮਾਜ਼ ਦੇ ਮੱਦੇਨਜ਼ਰ ਚੇਅਰਮੈਨ ਪੰਜਾਬ ਮੁਸਲਿਮ ਵੈੱਲਫੇਅਰ ਡਿਵੈਲਪਮੈਂਟ ਬੋਰਡ ਅਬਦੁਲ ਬਾਹਰੀ ਸਲਮਾਨੀ ਦੀ ਅਗਵਾਈ ਵਿੱਚ ਜਲੰਧਰ ਸ਼ਹਿਰੀ ਤੇ ਦਿਹਾਤੀ ਖੇਤਰਾਂ ਦੀਆਂ ਮਸਜਿਦਾਂ ਦੇ ਪ੍ਰਤੀਨਿਧੀਆਂ ਦੀ ਮੀਟਿੰਗ ਜ਼ਿਲ੍ਹਾ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗ ਹੋਈ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ ਮੀਟਿੰਗ ਦੌਰਾਨ ਚੇਅਰਮੈਨ ਅਬਦੁਲ ਬਾਹਰੀ ਸਲਮਾਨੀ ਨੇ ਸਬੰਧਿਤ ਵਿਭਾਗਾਂ ਨੂੰ ਜਲੰਧਰ ਸ਼ਹਿਰ ਅਤੇ ਦਿਹਾਤੀ ਖੇਤਰਾਂ ਦੀਆਂ ਮਸਜਿਦਾਂ ਤੇ ਈਦਗਾਹਾਂ ਵਿੱਚ ਨਮਾਜ਼ ਦੇ ਮੱਦੇਨਜ਼ਰ ਜ਼ਰੂਰੀ ਇੰਤਜ਼ਾਮ ਯਕੀਨੀ ਬਣਾਉਣ ਲਈ ਕਿਹਾ, ਤਾਂ ਜੋ ਈਦ ਦੀ ਨਮਾਜ਼ ਸੁਚਾਰੂ ਢੰਗ ਨਾਲ ਸੰਪੰਨ ਹੋ ਸਕੇ।

ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਅਮਨਿੰਦਰ ਕੌਰ ਨੇ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਈਦ ਦੀ ਨਮਾਜ਼ ਨੂੰ ਧਿਆਨ ਵਿੱਚ ਰੱਖਦਿਆਂ ਪੁਖ਼ਤਾ ਪ੍ਰਬੰਧ ਇੰਤਜ਼ਾਮ ਕੀਤੇ ਜਾਣਗੇ।

---------------------------------------------------------------------------